ਮਾਰੂ ਮਹਲਾ ੫ ॥ ਵੈਦੋ ਨ ਵਾਈ ਭੈਣੋ ਨ ਭਾਈ ਏਕੋ ਸਹਾਈ ਰਾਮੁ ਹੇ ॥੧॥ ਕੀਤਾ ਜਿਸੋ ਹੋਵੈ ਪਾਪਾਂ ਮਲੋ ਧੋਵੈ ਸੋ ਸਿਮਰਹੁ ਪਰਧਾਨੁ ਹੇ ॥੨॥ ਘਟਿ ਘਟੇ ਵਾਸੀ ਸਰਬ ਨਿਵਾਸੀ ਅਸਥਿਰੁ ਜਾ ਕਾ ਥਾਨੁ ਹੇ ॥੩॥ ਆਵੈ ਨ ਜਾਵੈ ਸੰਗੇ ਸਮਾਵੈ ਪੂਰਨ ਜਾ ਕਾ ਕਾਮੁ ਹੇ ॥੪॥ ਭਗਤ ਜਨਾ ਕਾ ਰਾਖਣਹਾਰਾ ॥ ਸੰਤ ਜੀਵਹਿ ਜਪਿ ਪ੍ਰਾਨ ਅਧਾਰਾ ॥ ਕਰਨ ਕਾਰਨ ਸਮਰਥੁ ਸੁਆਮੀ ਨਾਨਕੁ ਤਿਸੁ ਕੁਰਬਾਨੁ ਹੇ ॥੫॥੨॥੩੨॥ {ਪੰਨਾ 1008}

ਪਦਅਰਥ:- ਵੈਦੋ—ਵੈਦ, ਹਕੀਮ। ਵੈਦੋ ਨ ਵਾਈ—ਨਾਹ ਕੋਈ ਵੈਦ ਤੇ ਨਾਹ ਕਿਸੇ ਵੈਦ ਦੀ ਦਵਾਈ। ਵਾਈ—ਦਵਾਈ। ਸਹਾਈ—ਮਦਦ ਕਰਨ ਵਾਲਾ।1।

ਜਿਸੋ—ਜਿਸੁ, ਜਿਸ ਦਾ। ਮਲੋ—ਮਲੁ, ਮੈਲ। ਪਰਧਾਨੁ—ਸ਼ਿਰੋਮਣੀ।2।

ਘਟਿ ਘਟੇ—ਘਟਿ ਘਟਿ, ਹਰੇਕ ਸਰੀਰ ਵਿਚ। ਵਾਸੀ—ਵੱਸਣ ਵਾਲਾ। ਅਸਥਿਰੁ—ਸਦਾ ਕਾਇਮ ਰਹਿਣ ਵਾਲਾ। ਥਾਨੁ—ਥਾਂ, ਟਿਕਾਣਾ।3।

ਆਵੈ ਨ ਜਾਵੈ—ਨਾਹ ਜੰਮਦਾ ਹੈ ਨਾਹ ਮਰਦਾ ਹੈ। ਸੰਗੇ—(ਹਰੇਕ ਦੇ) ਨਾਲ ਹੀ। ਸਮਾਵੈ—ਗੁਪਤ ਵੱਸਦਾ ਹੈ। ਪੂਰਨ—ਮੁਕੰਮਲ, ਅਭੁੱਲ। ਕਾਮੁ—ਕੰਮ।4।

ਜੀਵਹਿ—{ਬਹੁ-ਵਚਨ} ਜੀਊਂਦੇ ਹਨ। ਜਪਿ—ਜਪ ਕੇ। ਪ੍ਰਾਨ ਅਧਾਰਾ—ਜਿੰਦ ਦਾ ਆਸਰਾ। ਕਰਨ ਕਾਰਨ—ਜਗਤ ਦਾ ਮੂਲ {ਕਰਨ—ਸ੍ਰਿਸ਼ਟੀ}। ਸਮਰਥੁ—ਸਭ ਤਾਕਤਾਂ ਦਾ ਮਾਲਕ। ਤਿਸੁ—ਉਸ ਤੋਂ। ਕੁਰਬਾਨੁ—ਸਦਕੇ। ਹੇ—ਹੈ।5।

ਅਰਥ:- ਹੇ ਭਾਈ! (ਦੁੱਖ-ਦਰਦ ਦੇ ਵੇਲੇ) ਸਿਰਫ਼ ਇਕ ਪਰਮਾਤਮਾ ਹੀ ਮਦਦ ਕਰਨ ਵਾਲਾ ਹੁੰਦਾ ਹੈ। ਨਾਹ ਕੋਈ ਵੈਦ ਨਾਹ ਕਿਸੇ ਵੈਦ ਦੀ ਦਵਾਈ; ਨਾਹ ਕੋਈ ਭੈਣ ਨਾਹ ਕੋਈ ਭਰਾ—ਕੋਈ ਭੀ ਮਦਦ ਕਰਨ ਜੋਗਾ ਨਹੀਂ ਹੁੰਦਾ।1।

ਹੇ ਭਾਈ! ਉਸ ਪਰਮਾਤਮਾ ਦਾ ਸਿਮਰਨ ਕਰਦੇ ਰਹੋ ਜਿਸ ਦਾ ਕੀਤਾ ਹਰੇਕ ਕੰਮ (ਜਗਤ ਵਿਚ) ਹੋ ਰਿਹਾ ਹੈ, ਜੋ (ਜੀਵਾਂ ਦੇ) ਪਾਪਾਂ ਦੀ ਮੈਲ ਧੋਂਦਾ ਹੈ। ਹੇ ਭਾਈ! ਉਹ ਪਰਮਾਤਮਾ ਹੀ (ਜਗਤ ਵਿਚ) ਸ਼ਿਰੋਮਣੀ ਹੈ।2।

ਹੇ ਭਾਈ! (ਉਸ ਪਰਮਾਤਮਾ ਦਾ ਹੀ ਸਿਮਰਨ ਕਰੋ) ਜਿਸ ਦਾ ਆਸਣ ਸਦਾ ਅਡੋਲ ਰਹਿਣ ਵਾਲਾ ਹੈ, ਜੋ ਹਰੇਕ ਸਰੀਰ ਵਿਚ ਵੱਸਦਾ ਹੈ, ਜੋ ਸਭ ਜੀਵਾਂ ਵਿਚ ਨਿਵਾਸ ਰੱਖਣ ਵਾਲਾ ਹੈ।3।

ਹੇ ਭਾਈ! (ਉਸੇ ਪਰਮਾਤਮਾ ਦਾ ਹੀ ਸਿਮਰਨ ਕਰੋ) ਜਿਸ ਦਾ ਹਰੇਕ ਕੰਮ ਮੁਕੰਮਲ (ਅਭੁੱਲ) ਹੈ, ਜੋ ਨਾਹ ਜੰਮਦਾ ਹੈ ਨਾਹ ਮਰਦਾ ਹੈ, ਪਰ ਹਰੇਕ ਜੀਵ ਦੇ ਨਾਲ ਗੁਪਤ ਵੱਸਦਾ ਹੈ।4।

ਹੇ ਭਾਈ! ਉਹ ਪਰਮਾਤਮਾ ਆਪਣੇ ਭਗਤਾਂ ਦੀ ਰੱਖਿਆ ਕਰਨ ਵਾਲਾ ਹੈ, ਉਹ ਹਰੇਕ ਦੇ ਪ੍ਰਾਣਾਂ ਦਾ ਆਸਰਾ ਹੈ। ਸੰਤ ਜਨ (ਉਸ ਦਾ ਨਾਮ) ਜਪ ਕੇ ਆਤਮਕ ਜੀਵਨ ਹਾਸਲ ਕਰਦੇ ਰਹਿੰਦੇ ਹਨ। ਉਹ ਪਰਮਾਤਮਾ ਇਸ ਜਗਤ-ਰਚਨਾ ਦਾ ਮੂਲ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਸਭ ਦਾ ਖਸਮ ਹੈ। ਹੇ ਭਾਈ! ਨਾਨਕ (ਸਦਾ) ਉਸ ਤੋਂ ਸਦਕੇ ਜਾਂਦਾ ਹੈ।5।2। 32।